ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 20-04-2026 (07 ਵੈਸਾਖ ਸੰਮਤ ਨਾਨਕਸ਼ਾਹੀ 558) ਦੇ ਮਤਾ ਨੰਬਰ 441 ਦੀ ਨਕਲ :-**

ਪੰਜਾਬ ਦੇ ਦਰਿਆਈ ਪਾਣੀਆਂ ਦਾ ਮਾਮਲਾ, ਪ੍ਰਧਾਨ ਸਾਹਿਬ ਦੀ ਆਗਿਆ ਨਾਲ ਪੇਸ਼ ਹੋਣ 'ਤੇ ਇਕੱਤਰਤਾ ਵਿੱਚ ਹਾਜਰ ਮੈਂਬਰ ਸਾਹਿਬਾਨ ਦੀ ਸਹਿਮਤੀ ਨਾਲ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਪ੍ਰਬੰਧਾਂ ਨੂੰ ਲੈ ਕੇ ਪੰਜਾਬ ਨਾਲ ਲਗਾਤਾਰ ਕੀਤੇ ਜਾ ਰਹੇ ਵਿਤਕਰੇ ਦੀ ਕਰੜੀ ਨਿਖੇਧੀ ਕਰਦੀ ਹੈ। ਇਹ ਪੰਜਾਬ ਦੇ ਹੱਕਾਂ ਹਿੱਤਾਂ ਨਾਲ ਇੱਕ ਹੋਰ ਵੱਡਾ ਧੱਕਾ ਹੈ। ਪੰਜਾਬ ਦੇ ਦਰਿਆਈ ਪਾਣੀ ਜਿੰਨ੍ਹਾ 'ਤੇ ਪਹਿਲਾ ਹੱਕ ਪੰਜਾਬ ਦੇ ਲੋਕਾਂ ਦਾ ਹੈ, ਨੂੰ ਹਥਿਆਉਣ ਲਈ ਕੇਂਦਰ ਵੱਲੋਂ ਗਲਤ ਤਰੀਕੇ ਅਪਣਾਏ ਜਾ ਰਹੇ ਹਨ। ਅੱਜ ਦੀ ਇਕੱਤਰਤਾ ਕੇਂਦਰ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਅਜਿਹਾ ਕੋਈ ਵੀ ਨਿਯਮ ਲਾਗੂ ਕਰਨ ਦੀ ਕੋਸ਼ਿਸ਼ ਨਾ ਕੀਤੀ ਜਾਵੇ, ਜੋ ਸਿੱਖਾਂ ਦੀ ਨੁਮਾਇੰਦਗੀ ਨੂੰ ਘਟਾਉਣ ਵਾਲੀ ਅਤੇ ਪੰਜਾਬੀਆ ਦੇ ਹੱਕਾਂ ਵਿਰੁੱਧ ਹੋਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੭੦੭੪੭ ਦਾ ਮਿਤੀ 30-04-2026

ਉਤਾਰਾ: 1. ਮੀਤ ਸਕੱਤਰ ਜੀ, ਪਬਲੀਸਿਟੀ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।